## ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਫਾਜ਼ਿਲਕਾ

# ਝੋਨੇ ਦੇ ਮੰਡੀਕਰਨ ਵਿਚ ਕਿਸਾਨਾਂ ਨੂੰ ਨਹੀਂ ਆਉਣ ਦਿੱਤੀ ਜਾਵੇਗੀ ਦਿੱਕਤ-ਦਵਿੰਦਰ ਘੁਬਾਇਆ

### ਹਲਕਾ ਵਿਧਾਇਕ ਨੇ ਫਾਜ਼ਿਲਕਾ ਵਿਚ ਸ਼ੁਰੂ ਕਰਵਾਈ ਝੋਨੇ ਦੀ ਸਰਕਾਰੀ ਖਰੀਦ

### ਰਾਤ ਸਮੇਂ ਝੋਨੇ ਦੀ ਕਟਾਈ ਨਾ ਕਰਨ ਦੀ ਕੀਤੀ ਅਪੀਲ

### ਕਿਸਾਨ ਸੁੱਕਾ ਝੋਨਾ ਹੀ ਮੰਡੀਆਂ ਵਿੱਚ ਲਿਆਉਣ

ਫਾਜ਼ਿਲਕਾ 2 ਅਕਤੂਬਰ

ਹਲਕਾ ਵਿਧਾਇਕ ਸ. ਦਵਿੰਦਰ ਸਿੰਘ ਘੁਬਾਇਆ ਵੱਲੋਂ ਅੱਜ ਅਨਾਜ ਮੰਡੀ ਫਾਜ਼ਿਲਕਾ ਵਿਖੇ ਝੋਨੇ ਦੀ ਸਰਕਾਰੀ ਖਰੀਦ ਸ਼ੁਰੂ ਕਰਵਾਈ ਗਈ। ਇਸ ਮੌਕੇ ਉਨ੍ਹਾਂ ਖਰੀਦ ਏਜੰਸੀਆਂ ਦੇ ਅਧਿਕਾਰੀਆਂ ਨੂੰ ਆਦੇਸ਼ ਦਿੱਤੇ ਕਿ ਕਿਸਾਨਾਂ ਨੂੰ ਕਿਸੇ ਵੀ ਤਰ੍ਹਾਂ ਦੀ ਮੁਸ਼ਕਲ ਪੇਸ਼ ਨਾ ਆਉਣ ਦਿੱਤੀ ਜਾਵੇ। ਇਸ ਦੇ ਨਾਲ-ਨਾਲ ਉਨ੍ਹਾਂ ਕਿਸਾਨਾਂ ਨੂੰ ਸੁੱਕਾ ਝੋਨਾ ਹੀ ਮੰਡੀਆਂ ਵਿੱਚ ਲਿਆਉਣ ਲਈ ਕਿਹਾ ਹੈ।

ਇਸ ਦੌਰਾਨ ਕਿਸਾਨ ਹਰਨੇਕ ਸਿੰਘ ਪੁੱਤਰ ਜੰਡ ਸਿੰਘ ਵਾਸੀ ਮੰਮੂ ਖੇੜਾ ਦੀ 120 ਕੁਅੰਟਿਲ ਦੀ ਪਹਿਲੀ ਢੇਰੀ ਸਰਕਾਰੀ ਖਰੀਦ ਏਜੰਸੀ ਪਨਗਰੇਨ ਦੇ ਅਧਿਕਾਰੀਆਂ ਵੱਲੋਂ ਖਰੀਦੀ ਗਈ। ਹਲਕਾ ਵਿਧਾਇਕ ਨੇ ਕਿਸਾਨਾਂ ਨੂੰ ਕਿਹਾ ਕਿ ਸਰਕਾਰ ਵੱਲੋਂ ਝੋਨੇ ਦੀ ਖਰੀਦ ਦੇ ਪੁਖਤਾ ਪ੍ਰਬੰਧ ਕੀਤੇ ਹਨ ਅਤੇ ਕਿਸਾਨ ਵਰਤਮਾਨ ਹਲਾਤਾਂ ਦੇ ਮੱਦੇਨਜ਼ਰ ਝੋਨੇ ਦੀ ਕਟਾਈ ਵਿਚ ਕੋਈ ਕਾਹਲੀ ਨਾ ਕਰਨ ਸਗੋਂ ਫਸਲ ਦੇ ਪੂਰੀ ਤਰਾਂ ਨਾਲ ਸੁਕੱਣ ਦੇ ਬਾਅਦ ਹੀ ਕਟਾਈ ਕੀਤੀ ਜਾਵੇ। ਉਨ੍ਹਾਂ ਨੇ ਕਿਹਾ ਕਿ ਸਰਕਾਰ ਵੱਲੋਂ ਝੋਨੇ ਦਾ ਦਾਣਾ ਦਾਣਾ ਖਰੀਦਿਆ ਜਾਵੇਗਾ। ਉਨ੍ਹਾਂ ਨੇ ਖਰੀਦ ਏਜਂਸੀਆਂ ਦੇ ਅਧਿਕਾਰੀਆਂ ਨੂੰ ਸਖ਼ਤੀ ਨਾਲ ਤਾੜਨਾ ਕੀਤੀ ਕਿ ਝੋਨੇ ਦੇ ਮੰਡੀਕਰਨ ਵਿਚ ਕਿਸਾਨਾਂ ਨੂੰ ਕੋਈ ਹੋਰ ਦਿੱਕਤ ਨਾ ਆਉਣ ਦਿੱਤੀ ਜਾਵੇ। ਉਨ੍ਹਾਂ ਮਾਰਕਿਟ ਕਮੇਟੀ ਦੇ ਅਧਿਕਾਰੀਆਂ ਨੂੰ ਕਿਹਾ ਕਿ ਮੰਡੀਆਂ ਵਿਚ ਕਿਸਾਨਾਂ ਲਈ ਪਾਣੀ, ਬਿਜਲੀ ਆਦਿ ਦਾ ਪ੍ਰਬੰਧ ਕੀਤਾ ਜਾਵੇ।

ਇਸ ਦੌਰਾਨ ਵਿਧਾਇਕ ਨੇ ਕਿਸਾਨਾਂ ਨੂੰ ਰਾਤ ਸਮੇਂ ਝੋਨੇ ਦੀ ਕਟਾਈ ਨਾ ਕਰਨ ਲਈ ਵੀ ਕਿਹਾ। ਉਨ੍ਹਾਂ ਕਿਹਾ ਕਿ ਕਿਸਾਨ ਵੱਧ ਨਮੀ ਦਾ ਝੋਨਾ ਮੰਡੀ ਵਿਚ ਨਾ ਲਿਆਉਣ ਕਿਉਂਕਿ ਮੰਡੀ ਦੇ ਗੇਟ ਤੇ ਹੀ ਨਮੀ ਦੀ ਜਾਂਚ ਕੀਤੀ ਜਾਵੇਗੀ ਅਤੇ ਜਿਆਦਾ ਨਮੀ ਵਾਲਾ ਝੋਨਾ ਮੰਡੀ ਵਿਚ ਢੇਰੀ ਨਹੀਂ ਕਰਨ ਦਿੱਤਾ ਜਾਵੇਗਾ।

ਇਸ ਮੌਕੇ ਆੜਤੀ ਐਸੋਸੀਏਸ਼ਨ ਦੇ ਪ੍ਰਧਾਨ ਸ. ਗੁਰਪ੍ਰੀਤ ਸਿੰਘ ਲਵਲੀ ਕਾਠਪਾਲ, ਕਿਸਾਨ ਤੇ ਵੱਖ-ਵੱਖ ਖਰੀਦ ਏਜਂਸੀਆਂ ਦੇ ਅਧਿਕਾਰੀ ਹਾਜਰ ਸਨ।